ਸਫ਼ਾ ਇਕ ਦੀਆਂ ਬਾਕੀਆਂ....

ਮੌਜੂਦਾ ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ ਕਾਂਗਰਸ ਨੂੰ ਅਲਵਿਦਾ ਕਹਿ ਕੇ ਭਾਜਪਾ ਵਿਚ ਸ਼ਾਮਲ ਹੋਏ

ਦਲ ਬਦਲਣ ਦੇ ਚਰਚੇ ਹਨ। ਭਾਜਪਾ ਵਿਚ ਸ਼ਾਮਲ ਹੋਣ ਤੋਂ ਬਾਅਦ ਬਿੱਟੂ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬ ਦੇ ਚੰਗੇ ਅਤੇ ਮਾੜੇ ਦਿਨ ਦੇਖੇ ਹਨ ਅਤੇ ਇਸ ਸਮੇਂ ਪੰਜਾਬ ਦੀ ਬਾਂਹ ਫੜਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਪਛੜਦਾ ਜਾ ਰਿਹਾ ਹੈ ਇਸ ਖੱਪੇ ਨੂੰ ਭਰਨ ਦੀ ਲੋੜ ਹੈ। ਬਾਕੀ ਬਹੁਤੇ ਸੂਬਿਆਂ ਨੇ ਪੰਜਾਬ ਨੂੰ ਪਿਛੇ ਛੱਡ ਦਿਤਾ ਹੈ। ਉਨ੍ਹਾਂ ਕਿਹਾ ਕਿ ਅੱਗੇ ਵੀ ਦੇਸ਼ ਵਿਚ ਨਰਿੰਦਰ ਮੋਦੀ ਦੀ ਸਰਕਾਰ ਬਣਨੀ ਹੈ ਅਤੇ ਮੈਂ ਇਸ ਸਰਕਾਰ ਵਿਚ ਪੰਜਾਬ ਲਈ ਇਕ ਪੁਲ ਬਣ ਕੇ ਕੰਮ ਕਰਾਂਗਾ। ਇਸ ਤਰ੍ਹਾਂ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ, ਇੰਡਸਟਰੀ ਅਤੇ ਹੋਰ ਵਰਗਾਂ ਦੀ ਬੇਹਤਰੀ ਲਈ ਕੰਮ ਹੋ ਸਕੇਗਾ। ਉਨ੍ਹਾਂ ਕਿਹਾ ਕਿ ਮੇਰੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਜੇ.ਪੀ. ਨੱਢਾਅਤੇ ਵਿਨੋਦ ਤਾਵੜੇ ਨਾਲ ਨਿਜੀ ਸਬੰਧ ਰਹੇ ਹਨ ਅਤੇ ਹੁਣ ਸਮਾਂ ਸੀ ਕਿ ਇਨ੍ਹਾਂ ਸਬੰਧਾਂ ਦਾ ਭਵਿੱਖ ਵਿਚ ਪੰਜਾਬ ਲਈ ਫ਼ਾਇਦਾ ਲਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੀ ਪੰਜਾਬ ਲਈ ਕੰਮ ਕਰਨਾ ਚਾਹੁੰਦੇ ਹਨ।

ਰਵਨੀਤ ਬਿੱਟੂ ਦੇ ਜਨਮ ਲੁਧਿਆਣਾ ਜ਼ਿਲ੍ਹੇ ਦੇ ਕੋਟਲਾ ਅਫ਼ਗਾਨ ਪਿੰਡ ਵਿਚ ਹੋਇਆ ਹੈ। ਉਨ੍ਹਾਂ ਪੰਜਾਬ ਯੂਥ ਕਾਂਗਰਸ ਦਾ ਪ੍ਰਧਾਨ ਬਣ ਕੇ ਅਪਣੇ ਕਦਮ ਸਿਆਸਤ ਵਿਚ ਅੱਗੇ ਵਧਾਏ। 2009 ਵਿਚ ਉਹ ਸ੍ਰੀ ਅਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਬਣੇ। 2019 ਵਿਚ ਬਿੱਟੂ ਲੁਧਿਆਣਾ ਹਲਕੇ ਤੋਂ ਲੜੇ ਅਤੇ ਤੀਜੀ ਵਾਰ ਸੰਸਦ ਮੈਂਬਰ ਬਣੇ।

ਕੈਲੇਫ਼ੋਰਨੀਆ ਦੀ ਜੇਲ ਦੇ ਸਿੱਖ ਗਾਰਡ ਦਾੜ੍ਹੀ ਕੱਟਣ ਲਈ ਮਜਬੂਰ

ਅੱਠ ਅਧਿਕਾਰੀਆਂ ਵਲੋਂ ਅਮਰੀਕੀ ਬਰਾਬਰ ਰੁਜ਼ਗਾਰ ਮੌਕੇ ਕਮਿਸ਼ਨ ਕੋਲ ਧਾਰਮਕ ਵਿਤਕਰੇ ਦੀਆਂ ਸ਼ਿਕਾਇਤਾਂ ਦਰਜ ਕਰਵਾਉਣ ਤੋਂ ਬਾਅਦ, ਅਮਰੀਕੀ ਕੇਂਦਰੀ ਸਰਕਾਰ ਨੇ ਜੇਲ੍ਹ ਅਧਿਕਾਰੀਆਂ ਨੂੰ ਕਮਿਸ਼ਨ ਦੀ ਜਾਂਚ ਦੌਰਾਨ ਨੀਤੀ ਨੂੰ ਲਾਗੂ ਕਰਨਾ ਬੰਦ ਕਰਨ ਲਈ ਕਿਹਾ। ਪਰ ਮਾਰਚ ਵਿਚ ਕੈਲੀਫੋਰਨੀਆ ਜੇਲ੍ਹ ਅਧਿਕਾਰੀਆਂ ਨੇ ਅਮਰੀਕਾ ਦੀ ਬੇਨਤੀ ਦੀ ਪਾਲਣਾ ਕਰਨ ਤੋਂ ਇਨਕਾਰ ਕਰ ਦਿਤਾ ਸੀ। ਇਸ ਦੇ ਜਵਾਬ ਵਿਚ ਨਿਆਂ ਵਿਭਾਗ ਦੇ ਸਿਵਲ ਰਾਈਟਸ ਡਿਵੀਜ਼ਨ ਦੇ ਵਕੀਲਾਂ ਨੇ ਸੋਮਵਾਰ ਨੂੰ ਮੁੱਢਲੀ ਰੋਕ ਦੀ ਬੇਨਤੀ ਦਾਇਰ ਕੀਤੀ, ਜਿਸ ਵਿਚ ਅਦਾਲਤ ਨੂੰ ਕਿਹਾ ਗਿਆ ਕਿ ਉਹ ਜੇਲ੍ਹ ਏਜੰਸੀ ਨੂੰ ਨੀਤੀ ਨੂੰ ਲਾਗੂ ਕਰਨਾ ਬੰਦ ਕਰਨ। (ਏਜੰਸੀ)

ਆਸਟਰੇਲੀਆ 'ਚ ਪੰਜਾਬਣ ਨੇ ਵਧਾਇਆ ਮਾਣ, ਕੁੜੀਆਂ ਦੀ ਅੰਡਰ-19 ਟੀਮ ਵਿਚ ਹੋਈ ਚੋਣ

ਹਸਰਤ ਇਹ ਵੱਕਾਰੀ ਪੁਰਸਕਾਰ ਜਿੱਤਣ ਵਾਲੀ ਸੱਭ ਤੋਂ ਘੱਟ ਉਮਰ ਦੀ ਖਿਡਾਰਨ ਬਣ ਗਈ ਸੀ। ਹਸਰਤ ਗਿੱਲ ਕ੍ਰਿਕੇਟ ਦੇ ਨਾਲ-ਨਾਲ ਆਰਕੀਟੈਕਚਰ ਦੀ ਪੜ੍ਹਾਈ ਵੀ ਕਰ ਰਹੀ ਹੈ। ਹਸਰਤ ਗਿੱਲ ਦਾ ਜਨਮ ਪੰਜਾਬ ਵਿਚ ਹੋਇਆ ਹੈ। ਉਸ ਦਾ ਸਬੰਧ ਅੰਮ੍ਰਿਤਸਰ ਨੇੜਲੇ ਪਿੰਡ ਬਾਸਰਕੇ ਨਾਲ ਹੈ। ਹਸਰਤ ਦੇ ਮਾਤਾ ਦਾ ਕਹਿਣਾ ਹੈ ਕਿ, "ਹਰ ਪ੍ਰਾਪਤੀ ਸਖ਼ਤ ਮਿਹਨਤ ਨਾਲ ਮਿਲਦੀ ਹੈ ਤੇ ਸਾਨੂੰ ਅਪਣੀ ਧੀ ਦੀਆਂ ਪ੍ਰਾਪਤੀਆਂ 'ਤੇ ਬਹੁਤ ਮਾਣ ਹੈ"। (ਏਜੰਸੀ)

ਸਿੱਖ ਸ਼ਸਤਰ ਕਲਾ ਨੂੰ ਸੰਭਾਲਣ ਲਈ ਬਾਬਾ ਬਲਬੀਰ ਸਿੰਘ ਦੇ ਯਤਨ ਪ੍ਰਸ਼ੰਸਾਜਨਕ : ਗਿ. ਸੁਲਤਾਨ ਸਿੰਘ

ਸ੍ਰੀ ਅਨੰਦਪੁਰ ਸਾਹਿਬ, 26 ਮਾਰਚ (ਸੁੱਖੂ ਅਰੋੜਾ): ਹੋਲਾ-ਮਹੱਲਾ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿਚ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਲੋਂ ਗੁਰਦੁਆਰਾ ਗੁਰੂ ਕਾ ਬਾਗ ਛਾਉਣੀ ਨਿਹੰਗ ਸਿੰਘਾਂ ਵਿਖੇ ਵਿਰਸਾ ਸੰਭਾਲ ਨੈਸ਼ਨਲ ਗਤਕਾ ਮੁਕਾਬਲੇ ਕਰਵਾਏ ਗਏ ਜਿਸ ਵਿਚ 20 ਟੀਮਾਂ ਨੇ ਸਿੱਖ ਸ਼ਸਤਰ ਕਲਾ ਦਾ ਬਾਖੂਬੀ ਪ੍ਰਗਟਾਵਾ ਕੀਤਾ। ਗਤਕਾ ਮੁਕਾਬਲਿਆਂ ਦੇ ਅੱਜ ਦੂਸਰੇ ਦਿਨ ਗਿਆਨੀ ਸੁਲਤਾਨ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਸਮੇਤ ਹੋਰ ਅਹਿਮ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਲੋਂ ਸਿੱਖ ਪੰਥ ਦੀਆਂ ਅਹਿਮ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਜਿਨ੍ਹਾਂ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿ. ਸੁਲਤਾਨ ਸਿੰਘ, ਉੱਘੇ ਵਿਦਵਾਨ ਪ੍ਰੋ: ਧਰਮ ਸਿੰਘ ਸਾਬਕਾ ਪ੍ਰੋ: ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਭਾਈ ਗੁਰਮੀਤ ਸਿੰਘ ਸ਼ਾਂਤ, ਪ੍ਰੋ: ਪਰਮਵੀਰ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ, ਸ. ਹਰਪਾਲ ਸਿੰਘ ਭਾਟੀਆ ਇੰਦੌਰ, ਬਾਬਾ ਜਸਵਿੰਦਰ ਸਿੰਘ ਜੱਸੀ ਯੂ.ਐਸ.ਏ., ਬਾਬਾ ਗੁਰਮੇਲ ਸਿੰਘ ਕਨੇਡਾ, ਬਾਬਾ ਸੰਨੀ ਸਿੰਘ ਯੂ.ਕੇ ਆਦਿ ਨੂੰ ਬੁੱਢਾ ਦਲ ਦੇ ਮੁਖੀ ਵਲੋ ਐਵਾਰਡ ਚਿੰਨ੍ਹ ਦੇ ਨਾਲ ਸ੍ਰੀ ਸਾਹਿਬ, ਦੁਸ਼ਾਲਾ, ਸਿਰਪਾਉ, ਧਾਰਮਕ ਪੁਸਤਕਾਂ ਦਾ ਸੈੱਟ, ਸਨਮਾਨ ਪੱਤਰ, ਸਨਮਾਨ ਚਿੰਨ੍ਹ ਅਤੇ ਨਕਦ ਰਾਸ਼ੀ ਦੇ ਕੇ ਸਨਮਾਨਿਆ ਗਿਆ। ਇਸ ਮੌਕੇ ਗਿਆਨੀ ਸੁਲਤਾਨ ਸਿੰਘ ਨੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿੱਖ ਵਿਰਾਸਤ ਦੀ ਸ਼ਾਨਾਮੱਤੀ ਸ਼ਸਤਰ ਕਲਾ ਨੂੰ ਸੰਭਾਲਣ ਲਈ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਨਿਰੰਤਰ ਯਤਨਸ਼ੀਲ ਹਨ। ਇਨ੍ਹਾਂ ਵੱਲੋਂ ਹਰ ਸਾਲ ਹੋਲਾ ਮਹੱਲਾ ਅਤੇ ਖ਼ਾਲਸੇ ਦੀ ਸਿਰਜਨਾ ਦਿਵਸ ਵਿਸਾਖੀ ਮੌਕੇ ਗਤਕਾ ਮੁਕਾਬਲੇ ਕਰਵਾ ਕੇ ਸੰਗਤ ਨੂੰ ਖਾਲਸਾਈ ਸ਼ਾਨ ਦੇ ਰੂਬਰੂ ਕੀਤਾ ਜਾਂਦਾ ਹੈ, ਜਿਸ ਨਾਲ ਨੌਜੁਆਨੀ ਅੰਦਰ ਯੁੱਧ ਕਲਾ ਦੇ ਪ੍ਰਤੀਕ ਗਤਕਾਬਾਜ਼ੀ ਦੀ ਖਿੱਚ ਪੈਦਾ ਹੁੰਦੀ ਹੈ।

ਬਾਬਾ ਬਲਬੀਰ ਸਿੰਘ ਵਲੋਂ ਇਸ ਮੌਕੇ ਸਿੰਘ ਸਾਹਿਬਾਨ, ਨਿਹੰਗ ਸਿੰਘ ਦਲਾਂ ਦੇ ਮੁਖੀਆਂ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦਾ ਧਨਵਾਦ ਕੀਤਾ ਗਿਆ। ਗਤਕਾ ਮੁਕਾਬਲੇ ਵਿਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀਆਂ ਟੀਮਾਂ ਨੂੰ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਲੋਂ ਸਨਮਾਨਿਤ ਕੀਤਾ ਗਿਆ। ਦੋ ਰੋਜ਼ਾ ਇੰਟਰਨੈਸ਼ਨਲ ਗਤਕਾ ਮੁਕਾਬਲਿਆਂ ਵਿਚ ਭਾਰਤ ਭਰ ਵਿਚੋਂ 20 ਟੀਮਾਂ ਨੇ ਭਾਗ ਲਿਆ। ਇਸ ਮੌਕੇ ਬਾਬਾ ਜੋਗਾ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾਦਲ, ਬਾਬਾ ਚਰਨਜੀਤ ਸਿੰਘ ਸੰਪਰਦਾਇ ਬਾਬਾ ਬਿਧੀ ਚੰਦ ਸਾਹਿਬ ਸੁਰਸਿੰਘ, ਬਾਬਾ ਜਥੇਦਾਰ ਨਿਹਾਲ ਸਿੰਘ ਮੁਖੀ ਤਰਨਾ ਦਲ ਹਰੀਆਂ ਵੇਲਾਂ ਹੁਸ਼ਿਆਰਪੁਰ, ਬਾਬਾ ਨਾਗਰ ਸਿੰਘ, ਬਾਬਾ ਰਘਬੀਰ ਸਿੰਘ ਖਿਆਲੇ ਵਾਲੇ, ਬਾਬਾ ਜੋਗਾ ਸਿੰਘ ਕਰਨਾਲ ਵਾਲੇ, ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਰਮਜੀਤ ਸਿੰਘ ਚਾਵਲਾ, ਸ. ਗੁਰਪ੍ਰੀਤ ਸਿੰਘ ਰੋਡੇ ਮੈਨੇਜ਼ਰ, ਸ. ਹਰਦੇਵ ਸਿੰਘ ਮੈਨਜ਼ਰ, ਬਾਬਾ ਸਤਨਾਮ ਸਿੰਘ ਮਠਿਆਈਸਰ, ਬਾਬਾ ਮਲੂਕ ਸਿੰਘ ਲਾਡੀ, ਬਾਬਾ ਦਲੇਰ ਸਿੰਘ ਆਦਿ ਹਾਜ਼ਰ ਸਨ।

- ਬੁੱਢਾ ਦਲ ਵਲੋਂ ਗਿ. ਸੁਲਤਾਨ ਸਿੰਘ, ਪ੍ਰੋ: ਧਰਮ ਸਿੰਘ, ਪ੍ਰੋ: ਪਰਮਵੀਰ ਸਿੰਘ, ਹਰਪਾਲ ਸਿੰਘ ਭਾਟੀਆ, ਅਮਰੀਕਾ ਤੋਂ ਬਾਬਾ ਜਸਵਿੰਦਰ ਸਿੰਘ ਜੱਸੀ, ਕੈਨੇਡਾ ਤੋਂ ਬਾਬਾ ਗੁਰਮੇਲ ਸਿੰਘ ਤੇ ਹੋਰ ਸ਼ਖ਼ਸੀਅਤਾਂ ਸਨਮਾਨਤ

ਬੁੱਢਾ ਦਲ ਵਲੋਂ ਜਥੇਦਾਰ ਗਿ. ਰਘਬੀਰ ਸਿੰਘ ਬਾਬਾ ਜੱਸਾ ਸਿੰਘ ਆਹਲੂਵਾਲੀਆ ਐਵਾਰਡ ਨਾਲ ਸਨਮਾਨਤ

ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਮਹੱਲੇ ਦੀ ਅਰੰਭਤਾ ਤੋਂ ਪਹਿਲਾਂ ਨਿਹੰਗ ਸਿੰਘਾਂ ਦੀ ਸਿਰਮੌਰ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਅਤੇ ਸਮੂਹ ਨਿਹੰਗ ਸਿੰਘ ਜਥੇਬੰਦੀਆਂ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਬਾਬਾ ਜੱਸਾ ਸਿੰਘ ਆਹਲੂਵਾਲੀਆ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਗਿ. ਰਘਬੀਰ ਸਿੰਘ ਨੂੰ ਬੁੱਢਾ ਦਲ ਤੇ ਸ਼੍ਰੋਮਣੀ ਕਮੇਟੀ ਵਲੋਂ ਸਾਂਝੇ ਤੌਰ ਤੇ ਬਾਬਾ ਬਲਬੀਰ ਸਿੰਘ, ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁ: ਪ੍ਰ ਕਮੇਟੀ, ਗਿ. ਸੁਲਤਾਨ ਸਿੰਘ ਜਥੇ. ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਬਾਬਾ ਹਰਨਾਮ ਸਿੰਘ ਖ਼ਾਲਸਾ ਮੁਖੀ ਦਮਦਮੀ ਟਕਸਾਲ ਮਹਿਤਾ ਚੌਂਕ ਅਤੇ ਸੀਨੀਅਰ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ ਨੇ ਸਾਂਝੇ ਤੌਰ ਤੇ ਅਰਪਿਤ ਕੀਤਾ। ਸਨਮਾਨ ਵਿਚ ਦੋਸ਼ਾਲਾ ਸਿਰਪਾਉ, ਐਵਾਰਡ, ਸ੍ਰੀ ਸਾਹਿਬ, ਸਨਮਾਨ ਪੱਤਰ ਅਤੇ ਨਿਹੰਗ ਸਿੰਘ ਸੰਦੇਸ਼ ਰਸਾਲੇ ਦਾ ਵਿਸ਼ੇਸ਼ ਅੰਕ ਭੇਟ ਕੀਤਾ ਗਿਆ।

ਸਫ਼ਾ ਤਿੰਨ ਦੀਆਂ ਬਾਕੀਆਂ....

ਪਟਿਆਲਾ ਹਲਕੇ ਤੋਂ ਕਿਸੇ ਟਕਸਾਲੀ ਤੇ ਲੋਕਲ ਕਾਂਗਰਸੀ ਨੂੰ ਟਿਕਟ ਦੇਣ ਲਈ ਜ਼ਿਲ੍ਹੇ ਦੀ ਸਮੁੱਚੀ ਕਾਂਗਰਸੀ ਲੀਡਰਸ਼ਿਪ ਹੋਈ ਇਕਮੁਠ

ਹਲਕਾ ਪ੍ਰਧਾਨ ਅਤੇ ਅਹੁਦੇਦਾਰ ਸ਼ਾਮਲ ਸਨ। ਇਨ੍ਹਾਂ ਆਗੂਆਂ ਦਾ ਕਹਿਣਾ ਹੈ ਕਿ ਜਿਹੜੇ ਟਕਸਾਲੀ ਕਾਂਗਰਸੀ ਸੰਕਟ ਦੇ ਸਮੇਂ ਪਾਰਟੀ ਨਾਲ ਡਟ ਕੇ ਖੜੇ ਹਨ, ਜਿਨ੍ਹਾਂ ਨੇ 10 ਸਾਲ ਅਕਾਲੀ ਦਲ ਦੇ ਰਾਜ ਵਿਚ ਅਤੇ ਹੁਣ ਆਮ ਆਦਮੀ ਪਾਰਟੀ ਦੇ ਰਾਜ ਵਿਚ ਸੰਘਰਸ਼ ਕੀਤਾ ਅਤੇ ਸਰਕਾਰਾਂ ਨਾਲ ਲੜਾਈ ਲੜਦੇ ਹੋਏ ਪਰਚੇ ਕਰਵਾਏ, ਉਨ੍ਹਾਂ ਨੂੰ ਅਣਦੇਖਾ ਨਾ ਕੀਤਾ ਜਾਵੇ। ਕਾਂਗਰਸ ਹਾਈਕਮਾਂਡ ਕਿਸੇ ਵੀ ਟਕਸਾਲੀ ਕਾਂਗਰਸੀ ਨੂੰ ਟਿਕਟ ਦਵੇ ਤਾਂ ਸਮੁੱਚੀ ਲੀਡਰਸ਼ਿਪ ਅਤੇ ਵਰਕਰ ਇਕਜੁਟ ਹੋ ਕੇ ਪਾਰਟੀ ਲਈ ਕੰਮ ਕਰਨਗੇ ਅਤੇ ਇਹ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਵਿਚ ਪਾਉਣਗੇ। ਸਮੁੱਚੇ ਆਗੂਆਂ ਨੇ ਇਕਜੁਟ ਹੋ ਕੇ ਕਿਹਾ ਹੈ ਕਿ ਪਾਰਟੀ ਕਿਸੇ ਵੀ ਲੋਕਲ ਆਗੂ ਨੂੰ ਟਿਕਟ ਦੇਵੇ ਤਾਂ ਸਮੁੱਚੀ ਪਾਰਟੀ ਇਕਜੁਟ ਹੋ ਕੇ ਉਸ ਦੀ ਮਦਦ ਕਰੇਗੀ।

ਰਵਨੀਤ ਸਿੰਘ ਬਿੱਟੂ 'ਤੇ ਭੜਕੇ ਰਾਜਾ ਵੜਿੰਗ

ਵਿਚ ਬਹੁਤ ਮਾਣ ਸਨਮਾਨ ਸੀ ਅਤੇ ਉਨ੍ਹਾਂ ਦੇ ਸੋਨੀਆ, ਰਾਹੁਲ ਗਾਂਧੀ ਨਾਲ ਸਿੱਧੀ ਗੱਲਬਾਤ ਸੀ। ਰਾਜਾ ਵੜਿੰਗ ਨੇ ਪੰਜਾਬ ਵਿਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਗਠਜੋੜ ਨਾ ਹੋਣ ਬਾਰੇ ਐਲਾਨ ਨੂੰ ਡਰਾਮਾ ਦਸਦਿਆਂ ਕਿਹਾ ਕਿ ਰਸਮੀ ਸਮਝੌਤੇ ਦੀ ਅਣਹੋਂਦ ਦੇ ਬਾਵਜੂਦ, ਦੋਵੇਂ ਧਿਰਾਂ ਬੰਦ ਦਰਵਾਜ਼ਿਆਂ ਪਿੱਛੇ ਸਹਿਯੋਗ ਕਰਦੀਆਂ ਰਹੀਆਂ। ਰਾਜਾ ਵੜਿੰਗ ਨੇ ਟਿਪਣੀ ਕਰਦਿਆਂ ਕਿਹਾ ਕਿ ਸੁਨੀਲ ਜਾਖੜ, ਸੁਖਬੀਰ ਬਾਦਲ ਅਤੇ ਕੈਪਟਨ ਅਮਰਿੰਦਰ ਸਿੰਘ ਦੇ ਠੋਸ ਯਤਨਾਂ ਦੇ ਬਾਵਜੂਦ, ਭਾਜਪਾ ਅਤੇ ਅਕਾਲੀ ਦਲ ਪੰਜਾਬ ਵਿਚ ਅਪਣੀ ਮੌਜੂਦਗੀ ਕਾਇਮ ਕਰਨ ਵਿਚ ਅਸਫ਼ਲ ਰਹੇ ਹਨ। ਉਨ੍ਹਾਂ ਦੀਆਂ ਲਗਾਤਾਰ ਕੋਸ਼ਿਸ਼ਾਂ ਤੋਂ ਸਪੱਸ਼ਟ ਹੁੰਦਾ ਹੈ ਕਿ ਇਹ ਪਾਰਟੀਆਂ ਇਕਜੁਟ ਹੋ ਕੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਭਰੋਸੇਯੋਗਤਾ ਹਾਸਲ ਕਰਨ ਲਈ ਕੰਮ ਕਰ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ, "ਭਾਵੇਂ ਭਾਜਪਾ ਅਤੇ ਅਕਾਲੀ ਦਲ ਵਲੋਂ ਗਠਜੋੜ ਦੀ ਗੱਲਬਾਤ ਨੂੰ ਜਨਤਕ ਤੌਰ 'ਤੇ ਖ਼ਤਮ ਕਰਨ ਦਾ ਐਲਾਨ ਕੀਤਾ ਗਿਆ ਹੈ, ਪਰ ਮੈਨੂੰ ਭਰੋਸਾ ਹੈ ਕਿ ਦੋਵੇਂ ਸੰਸਥਾਵਾਂ ਜਨਤਕ ਤੌਰ 'ਤੇ ਅਸਵੀਕਾਰ ਕੀਤੇ ਜਾਣ ਦੇ ਬਾਵਜੂਦ ਵੀ ਇਕ ਦੂਜੇ ਦਾ ਸਹਿਯੋਗ ਕਰ ਰਹੀਆਂ ਹਨ। ਦੋਵਾਂ ਪਾਰਟੀਆਂ ਵਲੋਂ ਜਾਰੀ ਕੀਤੇ ਗਏ ਬਿਆਨ ਮੌਜੂਦਾ ਜਨਤਾ ਲਈ ਸਿਰਫ਼ ਟੋਕੀ ਪ੍ਰਤੀਕਿਰਿਆ ਹੈ। ਇਸ ਤੋਂ ਇਲਾਵਾ, ਮੇਰੇ ਧਿਆਨ ਵਿਚ ਆਇਆ ਹੈ ਕਿ ਸੁਨੀਲ ਜਾਖੜ ਨੇ 6-7 ਸੀਟਾਂ ਲਈ ਗਠਜੋੜ ਦੀ ਤਜਵੀਜ ਰੱਖੀ ਸੀ, ਜੋ ਕਿ ਦੋਵਾਂ ਪਾਰਟੀਆਂ ਵਿਚਕਾਰ ਸਹਿਮਤੀ ਦੀ ਘਾਟ ਕਾਰਨ ਲਾਗੂ ਨਹੀਂ ਹੋ ਸਕੀ। ਇਸ ਦੇ ਬਾਵਜੂਦ, ਇਹ ਸਪੱਸਟ ਹੁੰਦਾ ਹੈ ਕਿ ਰਾਜਨੀਤਕ ਸੰਸਥਾਵਾਂ ਇਕ ਮਜਬੂਤ ਸਬੰਧ ਬਣਾਈ ਰੱਖਦੀਆਂ ਹਨ, ਜਿਸਦਾ ਸਬੂਤ ਸਮੁੱਚੇ ਬਾਦਲ ਪਰਵਾਰ ਲਈ ਕੇਂਦਰੀ ਸੁਰੱਖਿਆ ਬਲਾਂ ਦਾ ਨਿਰੰਤਰ ਪ੍ਰਬੰਧ ਹੈ ਜਦੋਂ ਕਿ ਸਾਡੇ ਨੇਤਾ ਅਜਿਹੇ ਵਿਸੇਸ ਅਧਿਕਾਰਾਂ ਤੋਂ ਵਾਂਝੇ ਰਹਿੰਦੇ ਹਨ।" ਪੰਜਾਬ ਵਿਚ ਪ੍ਰਚਲਿਤ ਦ੍ਰਿਸ਼ ਇਕ ਮਹੱਤਵਪੂਰਨ ਵਿਕਾਸ ਦਾ ਗਵਾਹ ਹੈ ਜਿਸ ਵਿਚ ਪਿੰਡਾਂ ਦੇ ਲੋਕਾਂ ਨੇ ਸਰਗਰਮੀ ਨਾਲ ਭਾਜਪਾ ਨੇਤਾਵਾਂ ਨੂੰ ਚੋਣ ਪ੍ਰਚਾਰ ਦੇ ਉਦੇਸ਼ਾਂ ਲਈ ਅਪਣੇ ਭਾਈਚਾਰਿਆਂ ਤਕ ਪਹੁੰਚਣ ਤੋਂ ਰੋਕਿਆ ਹੈ, ਸਿੱਟੇ ਵਜੋਂ, ਅਕਾਲੀ ਦਲ ਅਤੇ ਭਾਜਪਾ ਵਿਚਕਾਰ ਗਠਜੋੜ ਦੀ ਰਣਨੀਤਕ ਛੁਪਾਈ ਭਾਜਪਾ ਦੋਵਾਂ ਪਾਰਟੀਆਂ ਲਈ ਇਕ ਸੁਵਿਧਾਜਨਕ ਵਜੋਂ ਕੰਮ ਕਰਦੀ ਹੈ। ਇਹ ਪਹੁੰਚ ਅਕਾਲੀ ਦਲ ਨੂੰ ਰਾਜ ਦੇ ਪੇਂਡੂ ਖੇਤਰਾਂ ਵਿਚ ਚੋਣ ਮੁਹਿੰਮਾਂ ਵਿਚ ਜ਼ੋਰਦਾਰ ਢੰਗ ਨਾਲ ਸਾਮਲ ਕਰਨ ਦੇ ਯੋਗ ਬਣਾਉਂਦੀ ਹੈ, ਅਤੇ ਨਾਲ ਹੀ ਪੰਜਾਬ ਵਿਚ ਹਿੰਦੂ ਵੋ